# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 07-10-2023**

ਚੀਨ ਦੇ ਹਾਂਗਜ਼ੂ ਵਿਖੇ ਚੱਲ ਰਹੀਆਂ ਏਸ਼ੀਆਈ ਖੇਡਾਂ 'ਚ ਭਾਰਤ ਦਾ ਸ਼ਾਨਦਾਰ ਪ੍ਰਦਰਸ਼ਨ ਜਾਰੀ ਏ । ਭਾਰਤ ਨੇ ਏਸ਼ੀਆਈ ਖੇਡਾਂ ਵਿਚ 100 ਮੈਡਲ ਹਾਸਲ ਕਰਨ ਦਾ ਟੀਚਾ ਅੱਜ ਸਵੇਰੇ ਸ਼ਾਨਦਾਰ ਤਰੀਕੇ ਨਾਲ ਪ੍ਰਾਪਤ ਕੀਤਾ । ਮਹਿਲਾ ਕਬੱਡੀ ਦੇ ਫਾਈਨਲ ਵਿੱਚ ਭਾਰਤ ਨੇ, ਚੀਨੀ ਤਾਈਪੇ ਨੂੰ ਹਰਾ ਕੇ ਸੋਨ ਤਮਗਾ ਜਿੱਤ ਕੇ ਦੇਸ਼ ਲਈ 100ਵਾਂ ਤਮਗਾ ਹਾਸਲ ਕੀਤਾ । ਜੋਤੀ ਸੁਰੇਖਾ ਵੇਨਮ ਨੇ ਮਹਿਲਾ ਕੰਪਾਊਂਡ ਤੀਰਅੰਦਾਜ਼ੀ ਵਿੱਚ ਸੋਨ ਤਮਗਾ ਜਿੱਤਿਆ । ਏਸ਼ੀਆਈ ਖੇਡਾਂ ਦਾ ਰਿਕਾਰਡ ਬਣਾਉਂਦੇ ਹੋਏ, ਉਸਨੇ ਫਾਈਨਲ ਮੈਚ ਵਿੱਚ ਦੱਖਣੀ ਕੋਰੀਆ ਦੀ ਸੋ ਸੀ ਨੂੰ 149-145 ਦੇ ਫਰਕ ਨਾਲ ਹਰਾਇਆ । ਇਸ ਤੋਂ ਬਾਅਦ ਤੀਰਅੰਦਾਜ਼ੀ ਵਿੱਚ, ਮਰਦਾਂ ਦੇ ਕੰਪਾਊਂਡ ਦੇ ਫਾਈਨਲ ਵਿੱਚ ਅਭਿਸ਼ੇਕ ਵਰਮਾ ਨੇ ਸੋਨ ਤਮਗਾ ਅਤੇ ਓਜਸ ਦਿਓ-ਤਲੇ ਨੇ, ਚਾਂਦੀ ਦਾ ਤਗ਼ਮਾ ਜਿੱਤਿਆ। ਭਾਰਤ ਨੇ ਕੰਪਾਊਂਡ ਤੀਰਅੰਦਾਜ਼ੀ ਦੇ ਸਾਰੇ ਮੁਕਾਬਲੇ ਜਿੱਤੇ ਨੇ । ਭਾਰਤੀ ਮਹਿਲਾ ਕ੍ਰਿਕਟ ਟੀਮ ਨੇ ਵੀ ਸੋਨ ਤਮਗਾ ਭਾਰਤ ਦੀ ਝੋਲੀ ਪਾਇਆ ਏ, ਇਸ ਦੌਰਾਨ ਪੁਰਸ਼ਾਂ ਦੇ ਕ੍ਰਿਕਟ 'ਚ ਇਸ ਸਮੇਂ

ਫਾਈਨਲ 'ਚ ਭਾਰਤ ਦਾ ਸਾਹਮਣਾ ਅਫਗਾਨਿਸਤਾਨ ਨਾਲ ਹੋ ਰਿਹਾ ਏ ।

-------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਏਸ਼ੀਆਈ ਖੇਡਾਂ ਵਿਚ 100 ਤਗਮੇ ਜਿੱਤਣ 'ਤੇ ਭਾਰਤੀ ਖਿਡਾਰੀਆਂ ਨੂੰ ਵਧਾਈ ਦਿੱਤੀ ਏ । ਸੋਸ਼ਲ ਮੀਡੀਆ 'ਤੇ ਇਕ ਪੋਸਟ 'ਚ ਉਨ੍ਹਾਂ ਨੇ ਕਿਹਾ ਕਿ ਏਸ਼ੀਆਈ ਖੇਡਾਂ 'ਚ ਭਾਰਤ ਲਈ ਇਹ ਯਾਦਗਾਰ ਪ੍ਰਾਪਤੀ ਏ । ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਹਰ ਦੇਸ਼ ਵਾਸੀ 100 ਤਮਗਿਆਂ ਦੀ ਮਹੱਤਵਪੂਰਨ ਉਪਲਬਧੀ ਹਾਸਲ ਕਰਨ ਲਈ ਰੋਮਾਂਚਿਤ ਏ ।

-------------------------------------------------------------------------

ਏਧਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਰਸ਼ਾਂ ਦੀ ਭਾਰਤੀ ਹਾਕੀ ਟੀਮ ਵੱਲੋਂ 9 ਵਰ੍ਹਿਆਂ ਬਾਅਦ ਏਸ਼ੀਆਈ ਖੇਡਾਂ ਵਿੱਚ ਸੋਨ ਤਮਗਾ ਜਿੱਤਣ ਲਈ ਟੀਮ ਨੂੰ ਵਧਾਈ ਦਿੱਤੀ ਏ । ਚੰਡੀਗੜ੍ਹ ਤੋਂ ਜਾਰੀ ਇਕ ਬਿਆਨ ਵਿੱਚ ਉਨਾਂ ਕਿਹਾ, ਕਿ ਇਹ ਸਮੁੱਚੇ ਦੇਸ਼ ਖਾਸ ਕਰਕੇ ਪੰਜਾਬ ਲਈ ਇਤਿਹਾਸਕ ਪਲ ਨੇ ਕਿਉਂਕਿ ਕਪਤਾਨ ਹਰਮਨਪ੍ਰੀਤ ਸਿੰਘ ਸਮੇਤ ਟੀਮ ਵਿੱਚ 10 ਖਿਡਾਰੀ ਪੰਜਾਬ ਦੇ ਨੇ । ਉਨ੍ਹਾਂ ਆਸ ਪ੍ਰਗਟਾਈ ਕਿ ਹਾਕੀ ਟੀਮ ਦੀ ਇਹ ਇਤਿਹਾਸਕ ਜਿੱਤ, ਦੇਸ਼

ਵਿੱਚ ਕੌਮੀ ਖੇਡ ਦੀ ਪੁਰਾਤਨ ਸ਼ਾਨ ਬਹਾਲ ਕਰਨ ਲਈ ਰਾਹ ਪੱਧਰਾ ਕਰੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਮੂਹ ਦੇਸ਼ ਵਾਸੀਆਂ ਨੂੰ, ਜਪਾਨ ਖਿਲਾਫ਼ ਸ਼ਾਨਦਾਰ ਜਿੱਤ ਹਾਸਲ ਕਰਨ ’ਤੇ, ਭਾਰਤੀ ਖਿਡਾਰੀਆਂ ਤੇ ਮਾਣ ਏ ਕਿਉਂ ਜੋ ਏਸ਼ੀਆਈ ਖੇਡਾਂ ਵਿੱਚ ਸੋਨ ਤਮਗਾ ਜਿੱਤ ਕੇ ਭਾਰਤੀ ਟੀਮ ਨੇ 9 ਵਰ੍ਹਿਆਂ ਦੇ ਖਲਾਅ ਨੂੰ ਪੂਰ ਦਿੱਤਾ ਏ।

--------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਮੂਹ ਡਿਪਟੀ ਕਮਿਸ਼ਨਰਾਂ ਨੂੰ, ਆਪੋ-ਆਪਣੇ ਜ਼ਿਲ੍ਹਿਆਂ ਦੀਆਂ ਮੰਡੀਆਂ ਵਿੱਚ ਝੋਨੇ ਦੀ ਨਿਰਵਿਘਨ ਖਰੀਦ ਕਰਨ ਅਤੇ ਫਸਲ ਦੀ ਤੁਰੰਤ ਚੁਕਾਈ ਯਕੀਨੀ ਬਣਾਉਣ ਦੇ ਹੁਕਮ ਦਿੱਤੇ ਨੇ। ਚੰਡੀਗੜ੍ਹ ਵਿੱਚ ਕਲ ਇਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਇਸ ਡਿਊਟੀ ਨੂੰ ਨਿਭਾਉਣ ਵਿੱਚ, ਕਿਸੇ ਵੀ ਤਰ੍ਹਾਂ ਦੀ ਕੋਈ ਢਿੱਲ-ਮੱਠ ਸਹਿਣ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਉਪਜ ਨੂੰ, ਛੇਤੀ ਤੋਂ ਛੇਤੀ ਖਰੀਦਿਆ ਜਾਵੇ ਤੇ ਉਨ੍ਹਾਂ ਦੀ ਸਹੂਲਤ ਲਈ ਇਸ ਦੀ ਚੁਕਾਈ ਤੁਰੰਤ ਕੀਤੀ ਜਾਵੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਝੋਨੇ ਦੀ ਨਿਰਵਿਘਨ ਖਰੀਦ ਲਈ ਵਚਨਬੱਧ ਏ ਅਤੇ ਸਰਕਾਰ ਦੇ ਇਸ ਫੈਸਲੇ ਨੂੰ, ਸਹੀ ਢੰਗ ਨਾਲ ਲਾਗੂ ਕਰਨਾ ਅਧਿਕਾਰੀਆਂ ਦਾ ਫਰਜ਼ ਬਣਦਾ ਏ।

ਉਨ੍ਹਾਂ ਡਿਪਟੀ ਕਮਿਸ਼ਨਰਾਂ ਨੂੰ ਜ਼ਮੀਨੀ ਪੱਧਰ 'ਤੇ ਸਮੁੱਚੇ ਕਾਰਜਾਂ ਦਾ ਜਾਇਜ਼ਾ ਲੈਣ ਲਈ, ਰੋਜ਼ਾਨਾ 7 ਤੋਂ 8 ਮੰਡੀਆਂ ਦਾ ਦੌਰਾ ਕਰਨ ਅਤੇ ਅਦਾਇਗੀ ਵੀ ਸਮੇਂ ਸਿਰ ਯਕੀਨੀ ਬਣਾਉਣ ਲਈ ਆਖਿਆ।

---------------------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਦੇ ਵੱਖ-ਵੱਖ ਧਾਰਮਿਕ ਮੁਕਾਬਲੇ ਕੱਲ, ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ, ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਅੰਮ੍ਰਿਤਸਰ ਵਿਖੇ ਕਰਵਾਏ ਗਏ। ਵੱਖ-ਵੱਖ ਸਕੂਲਾਂ ਦੇ ਸੈਂਕੜੇ ਬੱਚਿਆਂ ਨੇ ਇਸ ਵਿਚ ਹਿੱਸਾ ਲਿਆ। ਇਨ੍ਹਾਂ ਮੁਕਾਬਲਿਆਂ ਵਿਚ ਸ਼ਬਦ ਵਿਚਾਰ ਪ੍ਰਤੀਯੋਗਤਾ, ਲਿਖਤੀ ਪ੍ਰੀਖਿਆ, ਸੁੰਦਰ ਲਿਖਾਈ ਤੇ ਪੇਟਿੰਗ ਮੁਕਾਬਲੇ ਸ਼ਾਮਲ ਰਹੇ। ਪੇਟਿੰਗ ਮੁਕਾਬਲੇ ਵਿਚ ਬੱਚਿਆਂ ਵੱਲੋਂ ਜਿਥੇ ਸਿੱਖ ਇਤਿਹਾਸ ਨਾਲ ਸਬੰਧਤ ਤਸਵੀਰਾਂ ਬਣਾਈਆਂ ਗਈਆਂ, ਉਥੇ ਹੀ, ਕੁਦਰਤੀ ਆਫ਼ਤਾਂ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ ਨਿਭਾਈਆਂ ਸੇਵਾਵਾਂ ਨੂੰ ਇਕ ਤਸਵੀਰ ਰਾਹੀਂ ਬਿਆਨ ਕੀਤਾ ਗਿਆ।

---------------------------------------------------------------------------

ਕਪੂਰਥਲਾ ਜ਼ਿਲਾ ਪੁਲਿਸ ਸਾਂਝ ਸੋਸਾਇਟੀ ਦੇ ਸਕੱਤਰ ਬੀ ਐਨ ਗੁਪਤਾ ਦੀ ਅਗਵਾਈ ਵਿਚ ਸੋਸਾਇਟੀ ਦੇ ਇਕ ਵਫਦ ਨੇ ਕਲ ਜ਼ਿਲੇ ਦੇ ਨਵ ਨਿਯੁਕਤ ਐਸ ਐਸ ਪੀ ਵਤਸਲਾ ਗੁਪਤਾ ਨਾਲ ਮੁਲਾਕਾਤ ਕੀਤੀ ਅਤੇ ਉਨਾਂ ਨੂੰ ਹੇਰਿਟੇਜ ਤੇ ਸੱਭਿਆਚਾਰਕ ਸਰਗਰਮੀਆਂ ਤੇ ਅਧਾਰਤ ਸੋਵੀਨਰ ਦੀ ਕਾਪੀ ਭੇਂਟ ਕੀਤੀ। ਸਾਂਝ ਸੋਸਾਇਟੀ ਵਲੋਂ ਜ਼ਿਲੇ ਵਿਚ ਸਮੇ ਸਮੇ ਤੇ ਨਸ਼ਾ ਮੁਕਤੀ, ਟ੍ਰੈਫਿਕ ਸਮਸਿਆ ਵਿਚ ਸੁਧਾਰ ਅਤੇ ਵਿਦਿਆਰਥੀਆਂ ਨੂੰ ਖੇਡਾਂ ਵਾਲ ਉਤਸ਼ਾਹਤ ਕਰਨ ਲਈ ਕੀਤੇ ਜਾਂਦੇ ਉਪਰਾਲਿਆਂ ਦੀ ਜਾਣਕਾਰੀ ਵੀ ਐਸ ਐਸ ਪੀ ਨੂੰ ਦਿੱਤੀ ਗਈ। ਐਸ ਐਸ ਪੀ ਵਤਸਲਾ ਗੁਪਤਾ ਨੇ ਸੋਸਾਇਟੀ ਦੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜ਼ਿਲੇ ਵਿਚ ਕ਼ਾਨੂਨ ਵਿਵਸਥਾ ਦੀ ਸਥਿਤੀ ਦੀ ਮਜਬੂਤੀ, ਨਸ਼ੇ ਦਾ ਜੜੋਂ ਖਾਤਮਾ ਅਤੇ ਆਮ ਲੋਕਾਂ ਨਾਲ ਪੁਲਿਸ ਦੀ ਸਾਂਝ ਵਧਾਉਣਾ ਉਨਾਂ ਦੀ ਪਹਿਲ ਹੋਵੇਗੀ।

---

‘ਸਵਾਮਿਤਵ ਸਕੀਮ’ 'ਮੇਰਾ ਘਰ-ਮੇਰੇ ਨਾਮ' ਤਹਿਤ ਅਧਿਕਾਰੀਆਂ ਨੂੰ ਜਾਗਰੂਕ ਕਰਨ ਲਈ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨਵਾਂਸ਼ਹਿਰ ਵਿਖੇ ਵਧੀਕ ਡਿਪਟੀ ਕਮਿਸ਼ਨਰ ਰਾਜੀਵ ਵਰਮਾ ਦੀ ਪ੍ਰਧਾਨਗੀ ਹੇਠ ਬੀਤੇ

ਦਿਨੀ ਇਕ ਵਿਸ਼ੇਸ਼ ਸਿਖਲਾਈ ਵਰਕਸ਼ਾਪ ਆਯੋਜਿਤ ਕੀਤੀ ਗਈ । ਰਾਜੀਵ ਵਰਮਾ ਨੇ ਤਹਿਸੀਲਦਾਰਾਂ, ਨਾਇਬ ਤਹਿਸੀਲਦਾਰਾਂ, ਬੀ.ਡੀ.ਪੀ.ਓਜ਼, ਮਾਲ ਕਾਨੂੰਗੋ, ਪਟਵਾਰੀਆਂ ਅਤੇ ਪੰਚਾਇਤ ਸਕੱਤਰਾਂ ਸਮੇਤ ਅਧਿਕਾਰੀਆਂ ਨੂੰ ਇਸ ਸਬੰਧੀ ਜਾਗਰੂਕ ਕੀਤਾ । ਉਨਾਂ ਕਿਹਾ ਕਿ ਸਵਾਮਿਤਵ ਯੋਜਨਾ 'ਲਾਲ ਡੋਰਾ' ਖੇਤਰਾਂ ਵਿੱਚ ਰਹਿਣ ਵਾਲੇ ਅਸਲ ਵਿਅਕਤੀਆਂ ਨੂੰ ਮਕਾਨਾਂ ਦੇ ਮਾਲਕੀ ਅਧਿਕਾਰਾਂ ਨੂੰ ਯਕੀਨੀ ਬਣਾਏਗੀ । ਇਸ ਤਹਿਤ ਪਿੰਡਾਂ ਦੀਆਂ ਕਮੇਟੀਆਂ, ਮਕਾਨਾਂ ਦੀ ਮਾਲਕੀ ਦਾ ਪਤਾ ਲਗਾਉਣ ਲਈ “ਲਾਲ ਡੋਰਾ” ਅਧੀਨ ਆਉਂਦੇ ਰਿਹਾਇਸ਼ੀ ਖੇਤਰਾਂ ਦਾ ਡਰੋਨ ਅਧਾਰਤ ਸਰਵੇਖਣ ਕਰਨਗੀਆਂ ਅਤੇ ਰਿਹਾਇਸ਼ੀ ਇਕਾਈਆਂ ਦੀ ਹੱਦਬੰਦੀ ਤੋਂ ਬਾਅਦ ਨਕਸ਼ਾ ਤਿਆਰ ਕੀਤਾ ਜਾਵੇਗਾ ।